**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10 pm**

**ਮਿਤੀ: 25-05-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਆਪਣੇ ਕਾਰਜਕਾਲ ਦੇ ਗਿਆਰਾਂ ਸਾਲ ਪੂਰੇ ਕਰ ਲਏ ਨੇ। ਸਾਲ 2014 ਵਿਚ ਅੱਜ ਦੇ ਦਿਨ ਸ਼੍ਰੀ ਮੋਦੀ ਨੇ ਦੇਸ਼ ਦੇ ਪ੍ਰਧਾਨ ਮੰਤਰੀ ਵਜੋਂ ਸਹੁੰ ਚੁੱਕੀ ਸੀ। ਇਹ ਦੇਸ਼ ਦੇ ਆਧੁਨਿਕ ਰਾਜਨੀਤਕ ਇਤਿਹਾਸ ਵਿਚ ਨਵਾਂ ਮੋੜ ਸੀ ਕਿਉਂਕਿ ਇਸ ਨੇ ਭਾਰਤ ਵਿਚ ਗੱਠਜੋੜ ਰਾਜਨੀਤੀ ਦੇ 30 ਸਾਲਾਂ ਦੇ ਯੁੱਗ ਦਾ ਅੰਤ ਕੀਤਾ ਤੇ ਲੋਕਾਂ ਨੇ ਭਾਰਤੀ ਜਨਤਾ ਪਾਰਟੀ ਨੂੰ ਸਪੱਸ਼ਟ ਤੇ ਫੈਸਲਾਕੁੰਨ ਫਤਵਾ ਦਿੱਤਾ ਸੀ।

---

ਪੰਜਾਬ ਵਿਚ ਲਗਾਤਾਰ ਗਰਮੀ ਦਾ ਅਸਰ ਵਧਣ ਕਾਰਨ ਸੂਬਾ ਸਰਕਾਰ ਨੇ ਆਉਂਦੀ 2 ਜੂਨ ਤੋਂ ਛੁੱਟੀਆਂ ਕਰਨ ਦਾ ਫੈਸਲਾ ਕੀਤਾ ਏ। ਪੰਜਾਬ ਦੇ ਸਿੱਖਿਆ ਮੰਤਰੀ, ਹਰਜੋਤ ਸਿੰਘ ਬੈਂਸ ਨੇ ਐਲਾਨ ਕੀਤਾ ਏ

ਕਿ ਸਾਰੇ ਸਰਕਾਰੀ, ਸਰਕਾਰੀ ਸਹਾਇਤਾ ਪ੍ਰਾਪਤ, ਮਾਨਤਾ ਪ੍ਰਾਪਤ ਅਤੇ ਨਿੱਜੀ ਸਕੂਲ ਆਉਂਦੀ 2 ਜੂਨ ਤੋਂ 30 ਜੂਨ ਤੱਕ ਬੰਦ ਰਹਿਣਗੇ।

---------------------------------------------------------

ਜੰਡਿਆਲਾ ਗੁਰੂ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਕੌਂਸਲਰ ਹਰਜਿੰਦਰ ਸਿੰਘ ਨੂੰ ਕੱਲ੍ਹ ਸ਼ਾਮ ਗੋਲੀਆਂ ਮਾਰ ਕੇ ਕਤਲ ਕਰਨ ਵਾਲੇ ਚਾਰ ਹਮਲਾਵਰਾਂ ਨੂੰ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਅੱਜ ਗ੍ਰਿਫ਼ਤਾਰ ਕਰ ਲਿਆ ਏ। ਪੰਜਾਬ ਪੁਲਿਸ ਦੇ ਮੁਖੀ ਗੌਰਵ ਯਾਦਵ ਨੇ ਅੱਜ ਇਕ ਸੋਸ਼ਲ ਮੀਡੀਆ ਪੋਸਟ ਵਿਚ ਇਸ ਬਾਰੇ ਪੁਸ਼ਟੀ ਕੀਤੀ ਏ। ਉਨ੍ਹਾਂ ਦੱਸਿਆ ਕਿ ਮੁਲਜ਼ਮਾਂ ਦਾ ਪਿੱਛਾ ਕਰਨ ਵੇਲੇ ਉਨ੍ਹਾਂ ਵਿੱਚੋਂ ਇਕ ਗੁਰਪ੍ਰੀਤ ਸਿੰਘ ਗੋਪੀ ਨੇ ਪੁਲਿਸ ਪਾਰਟੀ 'ਤੇ ਗੋਲੀਬਾਰੀ ਕੀਤੀ ਸੀ। ਪੁਲਿਸ ਨੇ ਸਵੈ-ਰੱਖਿਆ ਵਿਚ ਜਵਾਬੀ ਕਾਰਵਾਈ ਕੀਤੀ ਤਾਂ ਗੋਪੀ ਦੀ ਲੱਤ ਉੱਤੇ ਸੱਟ ਲੱਗ ਗਈ। ਮੁਲਜ਼ਮ ਗੋਪੀ ਨੂੰ ਪਿਸਤੌਲ ਸਮੇਤ ਗ੍ਰਿਫ਼ਤਾਰ ਕਰ ਕੇ ਸਿਵਲ ਹਸਪਤਾਲ, ਅੰਮ੍ਰਿਤਸਰ ਭੇਜ ਦਿੱਤਾ ਗਿਆ ਏ। ਡੀਜੀਪੀ ਨੇ ਕਿਹਾ ਕਿ ਇਸ ਤਰ੍ਹਾਂ ਪੰਜਾਬ ਪੁਲਿਸ ਇਕ ਵਿਦੇਸ਼ੀ ਵਿਅਕਤੀ ਨਾਲ ਜੁੜੇ ਸੰਗਠਤ ਅਪਰਾਧ ਨੈੱਟਵਰਕ ਨੂੰ ਖਤਮ ਕਰਨ ਵਿਚ ਸਫਲ ਰਹੀ ਏ। ਇਸੇ

ਦੌਰਾਨ ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ :

**Byte...**

ਕੌਂਸਲਰ ਹਰਜਿੰਦਰ ਸਿੰਘ ਨੂੰ ਪਹਿਲਾਂ ਵੀ ਧਮਕੀਆਂ ਮਿਲ ਰਹੀਆਂ ਸਨ। ਕੱਲ੍ਹ ਜਦੋਂ ਉਹ ਅੰਮ੍ਰਿਤਸਰ ਦੇ ਇਕ ਬਾਜ਼ਾਰ ਵਿਚ ਸੀ ਤਾਂ ਮੋਟਰਸਾਈਕਲ ਸਵਾਰ ਹਮਲਾਵਰਾਂ ਨੇ ਉਨ੍ਹਾਂ ਨੂੰ ਗੋਲੀ ਮਾਰ ਦਿੱਤੀ ਸੀ। ਇਸ ਦੌਰਾਨ, ਸੀਨੀਅਰ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਨੇ ਕਿਹਾ ਏ ਕਿ ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਦੌਰਾਨ ਕਾਨੂੰਨ ਵਿਵਸਥਾ ਦੀ ਸਥਿਤੀ ਵਿਗੜ ਗਈ ਏ। ਉਨ੍ਹਾਂ ਕਿਹਾ ਕਿ ਕੌਂਸਲਰ ਨੇ ਪਹਿਲਾਂ ਵੀ ਪੁਲਿਸ ਕੋਲ ਸ਼ਿਕਾਇਤ ਦਰਜ ਕਰਵਾਈ ਸੀ ਜਦੋਂ ਕੁਝ ਦਿਨ ਪਹਿਲਾਂ ਕੁਝ ਨਕਾਬਪੋਸ਼ਾਂ ਨੇ ਉਨ੍ਹਾਂ ਦੇ ਘਰ 'ਤੇ ਗੋਲੀਬਾਰੀ ਕੀਤੀ ਸੀ। ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਇਸ ਕਤਲ ਦੀ ਨਿਖੇਧੀ ਕਰਦੇ ਹੋਏ ਕਿਹਾ ਏ ਕਿ ਇਹ ਘਟਨਾ ਪੰਜਾਬ ਵਿਚ ਕਾਨੂੰਨ-ਵਿਵਸਥਾ ਦੀ ਵਿਗੜਦੀ ਹਾਲਤ ਨੂੰ ਦਰਸਾਉਂਦੀ ਏ। ਅਪਰਾਧੀਆਂ ਨੂੰ ਜਾਂ ਤਾਂ ਕਾਨੂੰਨ ਦਾ ਕੋਈ ਡਰ ਨਹੀਂ ਏ

ਜਾਂ ਫਿਰ ਉਨ੍ਹਾਂ ਨੂੰ ਸਰਪ੍ਰਸਤੀ ਦਿੱਤੀ ਜਾ ਰਹੀ ਏ। ਉਨ੍ਹਾਂ ਕਿਹਾ ਕਿ ਮੌਜੂਦਾ ਪ੍ਰਬੰਧ ਪੰਜਾਬ ਨੂੰ ਅਰਾਜਕਤਾ ਵੱਲ ਧੱਕ ਰਿਹਾ ਏ।

------------------------------------------------

ਹੁਸ਼ਿਆਰਪੁਰ ਦੇ ਜਹਾਨ-ਖੇਲਾਂ ਸਥਿਤ ਪੰਜਾਬ ਪੁਲਿਸ ਭਰਤੀ ਸਿਖਲਾਈ ਕੇਂਦਰ (ਪੀ.ਆਰ.ਟੀ.ਸੀ.) ਵਿਚ ਸਿਖਲਾਈ ਲੈ ਰਹੇ ਨਵੇਂ ਭਰਤੀ ਹੋਏ ਛੇ ਜਵਾਨਾਂ ਨੂੰ ਡੋਪ ਟੈਸਟ ਵਿਚ ਪਾਜ਼ੀਟਿਵ ਪਾਏ ਜਾਣ ਤੋਂ ਬਾਅਦ ਸਿਖਲਾਈ ਤੋਂ ਕੱਢ ਦਿੱਤਾ ਗਿਆ ਏ। ਇਨ੍ਹਾਂ ਵਿੱਚੋਂ 3 ਪਟਿਆਲਾ ਜ਼ਿਲ੍ਹੇ ਨਾਲ ਸਬੰਧਤ ਨੇ, 2 ਤਰਨਤਾਰਨ ਤੋਂ ਅਤੇ ਇਕ ਲੁਧਿਆਣਾ ਜ਼ਿਲ੍ਹੇ ਤੋਂ ਏ। ਪੀ.ਆਰ.ਟੀ.ਸੀ. ਕਮਾਂਡੈਂਟ ਮਨਦੀਪ ਸਿੰਘ ਨੇ ਸਾਡੇ ਜਲੰਧਰ ਵਾਲੇ ਪੱਤਰਕਾਰ ਨੂੰ ਇਸ ਘਟਨਾ ਦੀ ਪੁਸ਼ਟੀ ਕਰਦੇ ਹੋਏ ਕਿਹਾ ਕਿ ਸਾਰਿਆਂ ਨੂੰ ਉਨ੍ਹਾਂ ਦੇ ਸਬੰਧਤ ਜ਼ਿਲ੍ਹਿਆਂ ਵਿਚ ਵਾਪਸ ਭੇਜ ਦਿੱਤਾ ਗਿਆ ਏ। ਸੀ.ਆਈ.ਡੀ. ਵੱਲੋਂ ਉਨ੍ਹਾਂ ਵਿਰੁੱਧ ਰਿਪੋਰਟ ਮਿਲਣ ਤੋਂ ਬਾਅਦ ਸਾਰੇ ਛੇ ਰੰਗਰੂਟਾਂ ਵਿਰੁੱਧ ਕਾਰਵਾਈ ਕੀਤੀ ਗਈ ਹੈ ਏ ਉਹ ਕਿਸੇ ਕਿਸਮ ਦੀ

ਗੰਧਹੀਣ ਨਸ਼ੀਲੀ ਚੀਜ਼ ਦਾ ਸੇਵਨ ਕਰਦੇ ਨੇ। ਉਨ੍ਹਾਂ ਦੇ ਡੋਪ ਟੈਸਟ ਨਾਲ ਇਸ ਰਿਪੋਰਟ ਦੀ ਪੁਸ਼ਟੀ ਹੋ ਗਈ ਏ।

-----------------------------------------------------------

ਯੁੱਧ ਨਸ਼ਿਆਂ ਵਿਰੁੱਧ'' ਮੁਹਿੰਮ ਦੇ 85ਵੇਂ ਦਿਨ ਪੰਜਾਬ ਪੁਲਿਸ ਨੇ ਬੀਤੇ ਕੱਲ 158 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 10 ਕਿਲੋ ਤੋਂ ਵੱਧ ਹੈਰੋਇਨ, ਅਫੀਮ ਅਤੇ 19 ਹਜਾਰ ਰੁਪਏ ਤੋਂ ਵੱਧ ਨਗਦੀ ਬਰਾਮਦ ਕੀਤੀ ਗਈ। ਇਸ ਨਾਲ 85 ਦਿਨਾਂ ਵਿਚ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੀ ਗਿਣਤੀ ਹੁਣ 13,449 ਹੋ ਗਈ ਏ। ਇਹ ਕਾਰਵਾਈ ਸੂਬੇ ਦੇ ਸਾਰੇ 28 ਪੁਲਿਸ ਜ਼ਿਲ੍ਹਿਆਂ ਵਿਚ ਇੱਕੋ ਵੇਲੇ ਕੀਤੀ ਗਈ। ਇਸ ਸਬੰਧੀ ਕਾਨੂੰਨ ਤੇ ਕਾਨੂੰਨ ਸਬੰਧੀ ਵਿਸ਼ੇਸ਼ ਡੀਜੀਪੀ ਅਰਪਿਤ ਸ਼ੁਕਲਾ ਨੇ ਦੱਸਿਆ ਕਿ 220 ਤੋਂ ਵੱਧ ਪੁਲਿਸ ਟੀਮਾਂ ਨੇ ਸੂਬੇ ਵਿਚ 445 ਥਾਵਾਂ 'ਤੇ ਛਾਪੇਮਾਰੀ ਕੀਤੀ ਤੇ 104 ਮਾਮਲੇ ਦਰਜ ਕੀਤੇ ਗਏ ਨੇ।